# Official Spokesperson's response to a media query regarding comments made on recent incidents of violence in Delhi

February 27, 2020

## ਦਿੱਲੀ ਵਿਚ ਹੋਈਆਂ ਹਿੰਸਾ ਦੀਆਂ ਤਾਜ਼ਾ ਘਟਨਾਵਾਂ ਬਾਰੇ ਕੀਤੀਆਂ ਗਈਆਂ ਟਿੱਪਣੀਆਂ ਦੇ ਸੰਬੰਧ ਵਿਚ ਮੀਡੀਆ ਦੇ ਸਵਾਲ ਦਾ ਅਧਿਕਾਰਤ ਬੁਲਾਰੇ ਵੱਲੋਂ ਜਵਾਬ

27 ਫਰਵਰੀ, 2020

**ਦਿੱਲੀ ਵਿਚ ਹੋਈਆਂ ਹਿੰਸਾ ਦੀਆਂ ਤਾਜ਼ਾ ਘਟਨਾਵਾਂ ਬਾਰੇ ਕੀਤੀਆਂ ਗਈਆਂ ਟਿੱਪਣੀਆਂ ਦੇ ਸੰਬੰਧ ਵਿਚ ਮੀਡੀਆ ਦੇ ਸਵਾਲ ਦਾ ਜਵਾਬ ਦਿੰਦੇ ਹੋਏ ਸਰਕਾਰੀ ਬੁਲਾਰੇ ਸ਼੍ਰੀ ਰਵੀਸ਼ ਕੁਮਾਰ ਨੇ ਕਿਹਾ,**

"ਅਸੀਂ USCIRF, ਮੀਡੀਆ ਦੇ ਕੁਝ ਹਿੱਸਿਆਂ ਅਤੇ ਕੁਝ ਵਿਅਕਤੀਆਂ ਵੱਲੋਂ ਦਿੱਲੀ ਵਿੱਚ ਹੋਈ ਹਿੰਸਾ ਦੀਆਂ ਤਾਜ਼ਾ ਘਟਨਾਵਾਂ ਬਾਰੇ ਕੀਤੀਆਂ ਗਈਆਂ ਟਿੱਪਣੀਆਂ ਪੜ੍ਹੀਆਂ ਹਨ। ਇਹ ਟਿੱਪਣੀਆਂ ਤੱਥਾਂ ਦੇ ਲਿਹਾਜ਼ ਨਾਲ ਗਲਤ ਅਤੇ ਗੁੰਮਰਾਹਕੁੰਨ ਹਨ, ਅਤੇ ਇਸ ਮੁੱਦੇ ਦਾ ਰਾਜਨੀਤੀਕਰਨ ਕਰਨ ਦੇ ਉਦੇਸ਼ ਨਾਲ ਕੀਤੀਆਂ ਗਈਆਂ ਜਾਪਦੀਆਂ ਹਨ। ਕਾਨੂੰਨ ਲਾਗੂ ਕਰਨ ਵਾਲੀਆਂ ਸਾਡੀਆਂ ਏਜੰਸੀਆਂ ਹਿੰਸਾ ਦੀ ਰੋਕਥਾਮ ਕਰਨ ਅਤੇ ਭਰੋਸੇ ਅਤੇ ਆਮ ਹਾਲਾਤ ਨੂੰ ਯਕੀਨੀ ਬਣਾਉਣ ਲਈ ਕੰਮ ਕਰ ਰਹੀਆਂ ਹਨ। ਸਰਕਾਰ ਦੇ ਸੀਨੀਅਰ ਨੁਮਾਇੰਦੇ ਇਸ ਪ੍ਰਕਿਰਿਆ ਦਾ ਹਿੱਸਾ ਰਹੇ ਹਨ। ਪ੍ਰਧਾਨ ਮੰਤਰੀ ਨੇ ਜਨਤਕ ਤੌਰ 'ਤੇ ਸ਼ਾਂਤੀ ਅਤੇ ਭਾਈਚਾਰਾ ਬਣਾਈ ਰੱਖਣ ਦੀ ਅਪੀਲ ਕੀਤੀ ਹੈ। ਇਸ ਸੰਵੇਦਨਸ਼ੀਲ ਘੜੀ ਵਿੱਚ ਅਸੀਂ ਗੈਰ-ਜ਼ਿੰਮੇਵਾਰ ਟਿੱਪਣੀਆਂ ਨਾ ਕੀਤੇ ਜਾਣ ਦੀ ਅਪੀਲ ਕਰਦੇ ਹਾਂ।"

ਨਵੀਂ ਦਿਲੀ

27 ਫਰਵਰੀ, 2020

DISCLAIMER: This is an approximate translation. The original is available in English on MEA's website and may be referred to as the official press release.